ਸਾਵਣਿ ਸਰਸ ਮਨਾ ਘਣ ਵਰਸਹਿ ਰੁਤਿ ਆਏ ॥ ਮੈ ਮਨਿ ਤਨਿ ਸਹੁ ਭਾਵੈ ਪਿਰ ਪਰਦੇਸਿ ਸਿਧਾਏ ॥ ਪਿਰੁ ਘਰਿ ਨਹੀ ਆਵੈ ਮਰੀਐ ਹਾਵੈ ਦਾਮਨਿ ਚਮਕਿ ਡਰਾਏ ॥ ਸੇਜ ਇਕੇਲੀ ਖਰੀ ਦੁਹੇਲੀ ਮਰਣੁ ਭਇਆ ਦੁਖੁ ਮਾਏ ॥ ਹਰਿ ਬਿਨੁ ਨੀਦ ਭੂਖ ਕਹੁ ਕੈਸੀ ਕਾਪੜੁ ਤਨਿ ਨ ਸੁਖਾਵਏ ॥ ਨਾਨਕ ਸਾ ਸੋਹਾਗਣਿ ਕੰਤੀ ਪਿਰ ਕੈ ਅੰਕਿ ਸਮਾਵਏ ॥੯॥ {ਪੰਨਾ 1108}

ਪਦਅਰਥ:- ਸਾਵਣਿ—ਸਾਵਣ ਵਿਚ। ਸਰਸ—ਰਸ ਵਾਲਾ ਹੋ, ਹਰਾ ਹੋ। ਘਣ—ਬੱਦਲ। ਆਏ—ਆਈ ਹੈ। ਮੈ ਭਾਵੈ—ਮੈਨੂੰ ਪਿਆਰਾ ਲੱਗਦਾ ਹੈ। ਪਿਰ—ਪਤੀ ਜੀ। ਸਿਧਾਏ—ਚਲੇ ਗਏ ਹਨ। ਹਾਵੈ—ਹਾਹੁਕੇ ਵਿਚ। ਦਾਮਨਿ—ਬਿਜਲੀ। ਚਮਕਿ—ਚਮਕ ਕੇ। ਖਰੀ—ਬਹੁਤ। ਦੁਹੇਲੀ—ਦੁਖਦਾਈ। ਮਾਏ—ਹੇ ਮਾਂ! ਕਹੁ—ਦੱਸੋ। ਤਨਿ—ਤਨ ਉਤੇ। ਸੁਖਾਵਏ—ਸੁਖਾਵੈ, ਸੁਖਾਂਦਾ ਹੈ। ਕੰਤੀ—ਕੰਤ ਵਾਲੀ, ਜਿਸ ਨੂੰ ਕੰਤ ਪਿਆਰ ਕਰਦਾ ਹੈ। ਅੰਕਿ—ਗਲਵੱਕੜੀ ਵਿਚ। ਸਮਾਵਏ—ਸਮਾਵੈ, ਲੀਨ ਹੋ ਜਾਂਦੀ ਹੈ।

ਅਰਥ:- (ਹਾੜ ਦੀ ਅੱਤ ਦਰਜੇ ਦੀ ਤਪਸ਼ ਵਿਚ ਘਾਹ ਆਦਿਕ ਸੁੱਕ ਜਾਂਦੇ ਹਨ। ਉਸ ਤਪਸ਼ ਦੇ ਪਿਛੋਂ ਸਾਵਨ ਮਹੀਨੇ ਵਿਚ ਘਟਾਂ ਚੜ੍ਹਦੀਆਂ ਹਨ। ਪਸ਼ੂ ਪੰਛੀ ਮਨੁੱਖ ਤਾਂ ਕਿਤੇ ਰਹੇ, ਸੁੱਕਾ ਹੋਇਆ ਘਾਹ ਭੀ ਹਰਾ ਹੋ ਜਾਂਦਾ ਹੈ। ਉਸ ਦੀ ਹਰਿਆਵਲ ਵੇਖ ਕੇ ਹਰੇਕ ਪ੍ਰਾਣੀ ਬੋਲ ਉਠਦਾ ਹੈ—) ਹੇ ਮੇਰੇ ਮਨ! ਸਾਵਣ ਮਹੀਨੇ ਵਿਚ (ਵਰਖਾ ਦੀ) ਰੁੱਤ ਆ ਗਈ ਹੈ, ਬੱਦਲ ਵਰ੍ਹ ਰਹੇ ਹਨ, ਹੁਣ ਤੂੰ ਭੀ ਹਰਾ ਹੋ (ਤੂੰ ਭੀ ਉਮਾਹ ਵਿਚ ਆ)।

(ਪਰਦੇਸ ਗਏ ਪਤੀ ਦੀ ਨਾਰ ਦਾ ਹਿਰਦਾ ਕਾਲੀਆਂ ਘਟਾਂ ਨੂੰ ਵੇਖ ਕੇ ਤੜਪ ਉਠਦਾ ਹੈ। ਉਮਾਹ ਪੈਦਾ ਕਰਨ ਵਾਲੇ ਇਹ ਸਾਮਾਨ ਵਿਛੋੜੇ ਵਿਚ ਉਸ ਨੂੰ ਦੁਖਦਾਈ ਪ੍ਰਤੀਤ ਹੁੰਦੇ ਹਨ। ਬਿਰਹੋਂ ਵਿਚ ਉਹ ਇਉਂ ਆਖਦੀ ਹੈ—) ਹੇ ਮਾਂ! (ਇਹ ਬੱਦਲ ਵੇਖ ਵੇਖ ਕੇ) ਮੈਨੂੰ ਆਪਣਾ ਪਤੀ ਮਨ ਵਿਚ ਰੋਮ ਰੋਮ ਵਿਚ ਪਿਆਰਾ ਲੱਗ ਰਿਹਾ ਹੈ, ਪਰ ਮੇਰੇ ਪਤੀ ਜੀ ਤਾਂ ਪਰਦੇਸ ਗਏ ਹੋਏ ਹਨ। (ਜਿਤਨਾ ਚਿਰ) ਪਤੀ ਘਰ ਵਿਚ ਨਹੀਂ ਆਉਂਦਾ, ਮੈਂ ਹਾਹੁਕਿਆਂ ਨਾਲ ਮਰ ਰਹੀ ਹਾਂ, ਬਿਜਲੀ ਚਮਕ ਕੇ (ਸਗੋਂ) ਮੈਨੂੰ ਡਰਾ ਨਹੀਂ ਹੈ। (ਪਤੀ ਦੇ ਵਿਛੋੜੇ ਵਿਚ) ਮੇਰੀ ਸੱਖਣੀ ਸੇਜ ਮੈਨੂੰ ਬਹੁਤ ਦੁਖਦਾਈ ਹੋ ਰਹੀ ਹੈ, (ਪਤੀ ਤੋਂ ਵਿਛੋੜੇ ਦਾ) ਦੁੱਖ ਮੈਨੂੰ ਮੌਤ (ਬਰਾਬਰ) ਹੋ ਗਿਆ ਹੈ।

(ਜਿਸ ਜੀਵ-ਇਸਤ੍ਰੀ ਦੇ ਅੰਦਰ ਪ੍ਰਭੂ-ਪਤੀ ਦਾ ਪਿਆਰ ਹੈ, ਬਿਰਹਣੀ ਨਾਰ ਵਾਂਗ) ਉਸ ਨੂੰ ਪ੍ਰਭੂ ਦੇ ਮਿਲਾਪ ਤੋਂ ਬਿਨਾ ਨਾਹ ਨੀਂਦ, ਨਾਹ ਭੁੱਖ। ਉਸ ਨੂੰ ਤਾਂ ਕੱਪੜਾ ਭੀ ਸਰੀਰ ਉਤੇ ਨਹੀਂ ਸੁਖਾਂਦਾ (ਸਰੀਰਕ ਸੁਖਾਂ ਦੇ ਕੋਈ ਭੀ ਸਾਧਨ ਉਸ ਦੇ ਮਨ ਨੂੰ ਧ੍ਰੂਹ ਨਹੀਂ ਪਾ ਸਕਦੇ)।

ਹੇ ਨਾਨਕ! ਉਹੀ ਭਾਗਾਂ ਵਾਲੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੇ ਪਿਆਰ ਦੀ ਹੱਕਦਾਰ ਹੋ ਸਕਦੀ ਹੈ, ਜੋ ਸਦਾ ਪ੍ਰਭੂ ਦੀ ਯਾਦ ਵਿਚ ਲੀਨ ਰਹਿੰਦੀ ਹੈ।੭।

ਭਾਵ:- ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਪੈਦਾ ਹੋ ਜਾਂਦਾ ਹੈ, ਇਸ ਪਿਆਰ ਦੇ ਟਾਕਰੇ ਤੇ ਸਰੀਰਕ ਸੁਖਾਂ ਦੇ ਕੋਈ ਭੀ ਸਾਧਨ ਉਸ ਦੇ ਮਨ ਨੂੰ ਧ੍ਰੂਹ ਨਹੀਂ ਪਾ ਸਕਦੇ।